ਰਾਗੁ ਮਲਾਰ ਚਉਪਦੇ ਮਹਲਾ ੧ ਘਰੁ ੧ ੧ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਖਾਣਾ ਪੀਣਾ ਹਸਣਾ ਸਉਣਾ ਵਿਸਰਿ ਗਇਆ ਹੈ ਮਰਣਾ ॥ ਖਸਮੁ ਵਿਸਾਰਿ ਖੁਆਰੀ ਕੀਨੀ ਧ੍ਰਿਗੁ ਜੀਵਣੁ ਨਹੀ ਰਹਣਾ ॥੧॥ ਪ੍ਰਾਣੀ ਏਕੋ ਨਾਮੁ ਧਿਆਵਹੁ ॥ ਅਪਨੀ ਪਤਿ ਸੇਤੀ ਘਰਿ ਜਾਵਹੁ ॥੧॥ ਰਹਾਉ ॥ ਤੁਧਨੋ ਸੇਵਹਿ ਤੁਝੁ ਕਿਆ ਦੇਵਹਿ ਮਾਂਗਹਿ ਲੇਵਹਿ ਰਹਹਿ ਨਹੀ ॥ ਤੂ ਦਾਤਾ ਜੀਆ ਸਭਨਾ ਕਾ ਜੀਆ ਅੰਦਰਿ ਜੀਉ ਤੁਹੀ ॥੨॥ ਗੁਰਮੁਖਿ ਧਿਆਵਹਿ ਸਿ ਅੰਮ੍ਰਿਤੁ ਪਾਵਹਿ ਸੇਈ ਸੂਚੇ ਹੋਹੀ ॥ ਅਹਿਨਿਸਿ ਨਾਮੁ ਜਪਹੁ ਰੇ ਪ੍ਰਾਣੀ ਮੈਲੇ ਹਛੇ ਹੋਹੀ ॥੩॥ ਜੇਹੀ ਰੁਤਿ ਕਾਇਆ ਸੁਖੁ ਤੇਹਾ ਤੇਹੋ ਜੇਹੀ ਦੇਹੀ ॥ ਨਾਨਕ ਰੁਤਿ ਸੁਹਾਵੀ ਸਾਈ ਬਿਨੁ ਨਾਵੈ ਰੁਤਿ ਕੇਹੀ ॥੪॥੧॥ {ਪੰਨਾ 1254}

ਪਦ ਅਰਥ:- ਖੁਆਰੀ—ਖ਼ੁਆਰ ਹੋਣ ਵਾਲੀ ਕਰਤੂਤ। ਧ੍ਰਿਗ—ਫਿਟਕਾਰ-ਜੋਗ।1।

ਪਤਿ—ਇੱਜ਼ਤ। ਸੇਤੀ—ਨਾਲ। ਘਰਿ—ਘਰ ਵਿਚ, ਪ੍ਰਭੂ ਦੀ ਹਜ਼ੂਰੀ ਵਿਚ।1। ਰਹਾਉ।

ਰਹਹਿ ਨਹੀ—(ਮੰਗਣ ਤੋਂ) ਰਹਿ ਨਹੀਂ ਸਕਦੇ।2।

ਸਿ—ਉਹ ਬੰਦੇ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਸੂਚੇ—ਪਵਿਤ੍ਰ। ਅਹਿ—ਦਿਨ। ਨਿਸਿ—ਰਾਤ। ਹਛੇ—ਪਵਿੱਤ੍ਰ। ਹੋਹੀ—ਹੋ ਜਾਂਦੇ ਹਨ।3।

ਰੁਤਿ—ਮੌਸਮ (ਨੋਟ:- ਆਤਮਕ ਜੀਵਨ ਵਾਸਤੇ ਦੋ ਹੀ ਰੁੱਤਾਂ ਹਨ, ਜੀਵਨ ਉਤੇ ਪ੍ਰਭਾਵ ਪਾਣ ਵਾਲੀਆਂ ਦੋ ਹੀ ਅਵਸਥਾ ਹਨ—ਸਿਮਰਨ-ਅਵਸਥਾ ਤੇ ਨਾਮ-ਹੀਨਤਾ)। ਦੇਹੀ—ਸਰੀਰ। ਸਾਈ—ਉਹੀ। ਕੇਹੀ—ਕੋਈ ਲਾਭ ਨਾਹ ਦੇ ਸਕਣ ਵਾਲੀ।4।

ਅਰਥ:- ਹੇ ਪ੍ਰਾਣੀ! ਇਕ ਪਰਮਾਤਮਾ ਦਾ ਹੀ ਨਾਮ ਸਿਮਰ। (ਸਿਮਰਨ ਦੀ ਬਰਕਤਿ ਨਾਲ) ਤੂੰ ਆਪਣੀ ਇੱਜ਼ਤ ਨਾਲ ਪ੍ਰਭੂ ਦੇ ਚਰਨਾਂ ਵਿਚ ਪਹੁੰਚੇਗਾ।1। ਰਹਾਉ।

ਨਿਰਾ ਖਾਣ ਪੀਣ ਹੱਸਣ ਤੇ ਸੌਣ ਦੇ ਆਹਰਾਂ ਵਿਚ ਰਿਹਾਂ (ਜੀਵ ਨੂੰ) ਮੌਤ ਭੁੱਲ ਜਾਂਦੀ ਹੈ, (ਮੌਤ ਭੁੱਲਿਆਂ) ਪ੍ਰਭੂ-ਪਤੀ ਨੂੰ ਵਿਸਾਰ ਕੇ ਜੀਵ ਉਹ ਉਹ ਕੰਮ ਕਰਦਾ ਰਹਿੰਦਾ ਹੈ ਜੋ ਇਸ ਦੀ ਖ਼ੁਆਰੀ ਦਾ ਕਾਰਨ ਬਣਦੇ ਹਨ। (ਪ੍ਰਭੂ ਨੂੰ ਵਿਸਾਰ ਕੇ) ਜੀਊਣਾ ਫਿਟਕਾਰ-ਜੋਗ ਹੋ ਜਾਂਦਾ ਹੈ। ਸਦਾ ਇਥੇ ਕਿਸੇ ਟਿਕੇ ਨਹੀਂ ਰਹਿਣਾ (ਫਿਰ ਕਿਉਂ ਨ ਜੀਵਨ ਸੁਚੱਜਾ ਬਣਾਇਆ ਜਾਏ?)।1।

ਹੇ ਪ੍ਰਭੂ! ਜੇਹੜੇ ਬੰਦੇ ਤੈਨੂੰ ਸਿਮਰਦੇ ਹਨ (ਤੇਰਾ ਤਾਂ ਕੁਝ ਨਹੀਂ ਸਵਾਰਦੇ, ਕਿਉਂਕਿ) ਤੈਨੂੰ ਉਹ ਕੁਝ

ਭੀ ਦੇ ਨਹੀਂ ਸਕਦੇ (ਸਗੋਂ ਤੈਥੋਂ) ਮੰਗਦੇ ਹੀ ਮੰਗਦੇ ਹਨ, ਤੇ ਤੈਥੋਂ ਦਾਤਾਂ ਨਿੱਤ ਲੈਂਦੇ ਹੀ ਰਹਿੰਦੇ ਹਨ, ਤੇਰੇ ਦਰ ਤੋਂ ਮੰਗਣੋਂ ਬਿਨਾ ਰਹਿ ਨਹੀਂ ਸਕਦੇ। ਤੂੰ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈਂ, ਜੀਵਾਂ ਦੇ ਸਰੀਰਾਂ ਵਿਚ ਜਿੰਦ ਭੀ ਤੂੰ ਆਪ ਹੀ ਹੈਂ।2।

ਜੇਹੜੇ ਬੰਦੇ ਗੁਰੂ ਦੀ ਸਰਨ ਪੈ ਕੇ (ਪ੍ਰਭੂ ਦਾ ਨਾਮ) ਜਪਦੇ ਹਨ, ਉਹ (ਆਤਮਕ ਜੀਵਨ ਦੇਣ ਵਾਲਾ) ਨਾਮ-ਅੰਮ੍ਰਿਤ ਹਾਸਲ ਕਰਦੇ ਹਨ, ਉਹੀ ਸੁੱਚੇ ਜੀਵਨ ਵਾਲੇ ਬਣਦੇ ਹਨ। (ਤਾਂ ਤੇ) ਹੇ ਪ੍ਰਾਣੀ! ਦਿਨ ਰਾਤ ਪਰਮਾਤਮਾ ਦਾ ਨਾਮ ਜਪੋ। ਭੈੜੇ ਆਚਰਨ ਵਾਲੇ ਬੰਦੇ ਭੀ (ਨਾਮ ਜਪ ਕੇ) ਚੰਗੇ ਬਣ ਜਾਂਦੇ ਹਨ।3।

(ਇਨਸਾਨੀ ਜੀਵਨ ਵਾਸਤੇ ਦੋ ਹੀ ਰੁਤਾਂ ਹਨ—ਸਿਮਰਨ ਅਤੇ ਨਾਮ-ਹੀਨਤਾ, ਇਹਨਾਂ ਵਿਚੋਂ) ਜੇਹੜੀ ਰੁੱਤ ਦੇ ਪ੍ਰਭਾਵ ਹੇਠ ਮਨੁੱਖ ਜੀਵਨ ਗੁਜ਼ਾਰਦਾ ਹੈ, ਇਸ ਦੇ ਸਰੀਰ ਨੂੰ ਉਹੋ ਜਿਹਾ ਹੀ ਸੁਖ (ਜਾਂ ਦੁਖ) ਮਿਲਦਾ ਹੈ, ਉਸੇ ਪ੍ਰਭਾਵ ਅਨੁਸਾਰ ਹੀ ਇਸ ਦਾ ਸਰੀਰ ਢਲਦਾ ਰਹਿੰਦਾ ਹੈ (ਇਸ ਦੇ ਗਿਆਨ-ਇੰਦ੍ਰੇ ਢਲਦੇ ਰਹਿੰਦੇ ਹਨ)।

ਹੇ ਨਾਨਕ! ਮਨੁੱਖ ਵਾਸਤੇ ਉਹੀ ਰੁੱਤ ਸੋਹਣੀ ਹੈ (ਜਦੋਂ ਇਹ ਨਾਮ ਸਿਮਰਦਾ ਹੈ)। ਨਾਮ ਸਿਮਰਨ ਤੋਂ ਬਿਨਾ (ਕੁਦਰਤਿ ਦੀ ਬਦਲਦੀ ਕੋਈ ਭੀ) ਰੁੱਤ ਇਸ ਨੂੰ ਲਾਭ ਨਹੀਂ ਦੇ ਸਕਦੀ।4।1।